# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 06-09-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਆਸਵੰਦ ਪ੍ਰੋਜੈਕਟ 'ਸਵੱਛ ਭਾਰਤ ਅਭਿਆਨ' ਤਹਿਤ, ਸਾਲ 2011 ਤੋਂ 2020 ਦੌਰਾਨ, ਦੇਸ਼ ਵਿੱਚ ਹਰ ਸਾਲ ਲਗਭਗ 60 ਹਜ਼ਾਰ ਤੋਂ 70 ਹਜ਼ਾਰ ਬੱਚਿਆਂ ਨੂੰ, ਸਮੇਂ ਤੋਂ ਪਹਿਲਾਂ ਮੌਤ ਤੋਂ ਬਚਾਇਆ ਗਿਆ ਏ । ਇਹ ਜਾਣਕਾਰੀ ਉਘੇ ਅੰਤਰ-ਰਾਸ਼ਟਰੀ ਵਿਗਿਆਨ ਮੈਗਜ਼ੀਨ 'ਨੇਚਰ' 'ਚ ਦਿੱਤੀ ਗਈ ਏ । ਇੰਟਰਨੈਸ਼ਨਲ ਫੂਡ ਪਾਲਿਸੀ ਰਿਸਰਚ ਇੰਸਟੀਚਿਊਟ, ਕੈਲੀਫੋਰਨੀਆ ਯੂਨੀਵਰਸਿਟੀ ਅਤੇ ਓਹੀਓ ਯੂਨੀਵਰਸਿਟੀ ਦੇ ਖੋਜਕਰਤਾਵਾਂ ਨੇ, 2011 ਤੋਂ 2020 ਦਰਮਿਆਨ, 35 ਸੂਬਿਆਂ ਅਤੇ 640 ਜ਼ਿਲ੍ਹਿਆਂ ਵਿੱਚ ਬਾਲ ਮੌਤ ਦਰ ਅਤੇ ਪੰਜ ਸਾਲ ਤੋਂ ਘੱਟ ਉਮਰ ਦੀ ਮੌਤ ਦਰ ਦੇ ਅੰਕੜਿਆਂ ਦਾ ਅਧਿਐਨ ਕੀਤਾ । ਇਸ ਅਧਿਐਨ ਵਿੱਚ ਕਿਹਾ ਗਿਆ ਏ ਕਿ ਸਵੱਛ ਭਾਰਤ ਅਭਿਆਨ ਦੀ ਮਿਆਦ ਦੇ ਦੌਰਾਨ, ਭਾਰਤ ਵਿੱਚ ਪਹਿਲਾਂ ਅਤੇ ਬਾਅਦ ਦੇ ਸਾਲਾਂ ਦੀ ਤੁਲਨਾ ਵਿੱਚ, ਬਾਲ ਮੌਤ ਦਰ ਵਿੱਚ ਤੇਜ਼ੀ ਨਾਲ

ਗਿਰਾਵਟ ਆਈ ਏ। 'ਨੇਚਰ' ਮੈਗਜ਼ੀਨ ਦੀ ਇਸ ਰਿਪੋਰਟ ਨੂੰ ਸਾਂਝਾ ਕਰਦੇ ਹੋਏ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਉਨ੍ਹਾਂ ਨੂੰ ਸਵੱਛ ਭਾਰਤ ਅਭਿਆਨ ਵਰਗੇ ਉਪਰਾਲਿਆਂ ਦੇ ਪ੍ਰਭਾਵ ਨੂੰ ਉਜਾਗਰ ਕਰਨ ਵਾਲੀ ਖੋਜ ਨੂੰ ਦੇਖ ਕੇ ਖੁਸ਼ੀ ਹੋਈ ਏ।ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਲੋਕਾਂ ਦੀ ਪਖਾਨਿਆਂ ਤੱਕ ਪਹੁੰਚ, ਨਵਜੰਮੇ ਬੱਚਿਆਂ ਅਤੇ ਬਾਲ ਮੌਤ ਦਰ ਨੂੰ ਘਟਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਏ। ਸ਼ਹਿਰਾਂ ਨੂੰ ਖੁੱਲ੍ਹੇ ਵਿੱਚ ਸ਼ੌਚ ਤੋਂ ਮੁਕਤ ਬਣਾਉਣ ਲਈ, ਸਾਲ 2014 ਵਿੱਚ ਸਵੱਛ ਭਾਰਤ ਅਭਿਆਨ ਸ਼ੁਰੂ ਕੀਤਾ ਗਿਆ ਸੀ।

---

ਸੂਖਮ ਲਘੂ ਤੇ ਦਰਮਿਆਨੇ ਉਦਯੋਗਾਂ ਬਾਰੇ ਕੇਂਦਰੀ ਰਾਜ ਮੰਤਰੀ ਸ਼ੋਭਾ ਕਰੰਦਲਾਜੇ ਨੇ ਅੱਜ ਖਰੜ ਵਿਖੇ ਖੇਤਰੀ ਪੰਜਾਬ ਖਾਦੀ ਮੰਡਲ ਖਰੜ ਦਾ ਦੌਰਾ ਕੀਤਾ।ਖਾਦੀ ਪੰਜਾਬ ਦੇ ਡਾਇਰੈਕਟਰ ਤੇ ਮੋਹਾਲੀ ਦੇ ਐਸ.ਡੀ.ਐਮ ਦੀਪਾਂਕਰ ਗਰਗ ਅਤੇ ਖਾਦੀ ਮੰਡਲ ਦੇ ਅਮਲੇ ਨੇ ਉਨ੍ਹਾਂ ਦਾ ਸਵਾਗਤ ਕੀਤਾ।ਰਾਜ ਮੰਤਰੀ ਨੇ ਚਰਖੇ 'ਤੇ ਸੂਤ ਬਣਾਉਣ ਵਾਲਿਆਂ ਔਰਤਾਂ ਨਾਲ ਗੱਲਬਾਤ ਕੀਤੀ । ਉਸਨੇ ਖਾਦੀ ਵਰਕਰਾਂ ਲਈ ਕੇਂਦਰੀ ਯੋਜਨਾਵਾਂ ਦੇ ਨਾਲ-ਨਾਲ ਵਿਸ਼ਵਕਰਮਾ ਯੋਜਨਾ ਬਾਰੇ ਵੀ ਪੁੱਛਗਿੱਛ ਕੀਤੀ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਸਮੇਤ ਮੌਜੂਦ ਅਧਿਕਾਰੀਆਂ ਨੂੰ ਇਹ

ਯਕੀਨੀ ਬਣਾਉਣ ਦੀ  ਹਦਾਇਤ ਕੀਤੀ ਕਿ ਇਹ ਹਰੇਕ ਲਾਭਪਾਤਰੀ ਦੀ ਸ਼ਨਾਖਤ ਕਰਕੇ ਉਨ੍ਹਾਂ ਨੂੰ ਯੋਜਨਾਵਾਂ  ਬਾਰੇ ਵੇਰਵੇ ਦਿੱਤੇ ਜਾਣ ਕਿਉਂਕਿ ਇਹ ਯੋਜਨਾਵਾਂ  ਗਰੀਬਾਂ ਅਤੇ ਯੋਗ ਲੋਕਾਂ ਲਈ ਨੇ ।

---------------------------------------------------------------------------------

ਕੇਂਦਰੀ ਗ੍ਰਹਿ ਮੰਤਰਾਲੇ ਨੇ ਅਕਾਦਮਿਕ ਸਾਲ 2024-25 ਲਈ ਕੇਂਦਰੀ ਪੂਲ ਵਿੱਚ ਚਾਰ ਐੱਮ.ਬੀ.ਬੀ.ਐੱਸ. ਸੀਟਾਂ, ਉਨ੍ਹਾਂ ਉਮੀਦਵਾਰਾਂ ਦੀ ਨਾਮਜ਼ਦਗੀ ਲਈ ਨਿਰਧਾਰਿਤ ਕੀਤੀਆਂ ਨੇ , ਜੋ ਅਤਿਵਾਦ ਕਾਰਨ ਫ਼ੌਤ ਜਾਂ ਦਿਵਿਆਂਗ ਹੋ ਚੁੱਕੇ ਨਾਗਰਿਕਾਂ ਦੇ ਜੀਵਨ ਸਾਥੀ ਜਾਂ ਬੱਚੇ ਨੇ । ਸਰਕਾਰੀ ਬੁਲਾਰੇ ਨੇ ਦੱਸਿਆ ਕਿ ਬਿਹਾਰ ਦੇ ਏ.ਐਨ. ਮਗਧ ਮੈਡੀਕਲ ਕਾਲਜ, ਗਯਾ  ਅਤੇ ਗ੍ਰਾਂਟ ਮੈਡੀਕਲ ਕਾਲਜ, ਮੁੰਬਈ ਵਿੱਚ ਇੱਕ-ਇੱਕ ਸੀਟ ਜਦਕਿ ਛੱਤੀਸਗੜ੍ਹ ਦੇ ਪੰਡਤ ਜਵਾਹਰ ਲਾਲ ਨਹਿਰੂ ਮੈਡੀਕਲ ਕਾਲਜ, ਰਾਏਪੁਰ ਵਿੱਚ ਇਸ ਵਰਗ ਲਈ ਦੋ ਸੀਟਾਂ ਰਾਖਵੀਆਂ ਰੱਖੀਆਂ ਗਈਆਂ ਨੇ । ਬੁਲਾਰੇ ਨੇ ਦੱਸਿਆ ਕਿ ਪੰਜਾਬ ਦੇ ਯੋਗ ਵਿਦਿਆਰਥੀ ਵੀ, ਇਨ੍ਹਾਂ ਸੀਟਾਂ ਲਈ ਬਿਨੇ ਕਰਕੇ ਲਾਭ ਲੈ ਸਕਦੇ ਨੇ । ਉਨ੍ਹਾਂ ਦੱਸਿਆ ਕਿ ਇਨ੍ਹਾਂ ਸੀਟਾਂ ਲਈ ਯੋਗਤਾ ਦੇ ਮਾਪਦੰਡਾਂ ਤਹਿਤ, ਉਮੀਦਵਾਰ ਭਾਰਤੀ ਨਾਗਰਿਕ ਹੋਣਾ ਚਾਹੀਦਾ ਏ ਅਤੇ ਉਸ ਦੀ ਉਮਰ ਦਾਖ਼ਲੇ ਸਮੇਂ 17 ਸਾਲ ਹੋਵੇ ਜਾਂ ਉਹ ਅੰਡਰ-ਗਰੈਜੂਏਟ ਮੈਡੀਕਲ ਕੋਰਸ ਵਿੱਚ ਦਾਖ਼ਲੇ ਦੇ ਪਹਿਲੇ ਸਾਲ ਵਿੱਚ, 31 ਦਸੰਬਰ ਨੂੰ ਜਾਂ ਇਸ ਤੋਂ ਪਹਿਲਾਂ ਇਹ ਉਮਰ

ਪੂਰੀ ਕਰਦਾ ਹੋਵੇ।ਗ੍ਰਿਹ ਮੰਤਰਾਲੇ ਵੱਲੋਂ ਜਾਰੀ ਨੋਟੀਫਿਕੇਸ਼ਨ ਅਤੇ ਫਾਰਮ, ਮੰਤਰਾਲੇ ਦੀ ਵੈੱਬਸਾਈਟ mha.gov.in ਤੋਂ ਡਾਊਨਲੋਡ ਕਰਕੇ ਹੋਰ ਜਾਣਕਾਰੀ ਅਤੇ ਸ਼ਰਤਾਂ ਵੇਖੀਆਂ ਜਾ ਸਕਦੀਆਂ ਨੇ ।

-----------------------------------------------------------------------------

ਇਸੇ ਦੌਰਾਨ ਪੰਜਾਬ BJP ਦੇ ਮੀਤ ਪ੍ਰਧਾਨ ਡਾ. ਸੁਭਾਸ਼ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪੈਟਰੋਲ ਅਤੇ ਡੀਜ਼ਲ 'ਤੇ ਵੈਟ ਵਧਾ ਕੇ ਅਤੇ ਬਿਜਲੀ 'ਤੇ 3 ਰੁਪਏ ਦੀ ਸਬਸਿਡੀ ਖਤਮ ਕਰਕੇ, ਲੋਕਾਂ 'ਤੇ ਆਰਥਿਕ ਬੋਝ ਵਧਾ ਦਿੱਤਾ ਏ । ਉਨ੍ਹਾਂ ਕਿਹਾ ਕਿ ਤਿਉਹਾਰਾਂ ਦਾ ਸੀਜ਼ਨ ਸ਼ੁਰੂ ਹੋਣ ਵਾਲਾ ਏ ਅਤੇ ਲੋਕਾਂ ਨੂੰ ਕੋਈ ਨਵੀਂ ਰਾਹਤ ਦੇਣ ਦੀ ਬਜਾਏ, ਸਰਕਾਰ ਨੇ ਉਨ੍ਹਾਂ ਨੂੰ ਮੁਸੀਬਤ ਵਿੱਚ ਪਾ ਦਿੱਤਾ ਏ । ਉਨ੍ਹਾਂ ਕਿਹਾ ਕਿ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ 'ਚ ਵਾਧੇ ਦਾ ਅਸਰ ਹਰ ਚੀਜ਼ ਦੀਆਂ ਕੀਮਤਾਂ 'ਤੇ ਪਵੇਗਾ, ਜਿਸ ਨਾਲ ਸੂਬੇ 'ਚ ਮਹਿੰਗਾਈ ਵਧੇਗੀ । ਡਾ: ਸੁਭਾਸ਼ ਸ਼ਰਮਾ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਵਾਲ ਕੀਤਾ ਕਿ ਉਹ ਹਮੇਸ਼ਾ ਇਹ ਕਹਿੰਦੇ ਨੇ ਕਿ ਆਮ ਆਦਮੀ ਪਾਰਟੀ ਸਰਕਾਰ ਹਮੇਸ਼ਾ ਲੋਕ ਹਿਤੈਸ਼ੀ ਫੈਸਲੇ ਲੈਂਦੀ ਏ ਪਰ ਅੱਜ ਦੇ ਫੈਸਲੇ ਲੋਕ ਪੱਖੀ ਨਹੀਂ ਸਗੋਂ ਪੂਰੀ ਤਰ੍ਹਾਂ ਲੋਕ ਵਿਰੋਧੀ ਨੇ । ਉਨ੍ਹਾਂ ਕਿਹਾ ਕਿ ਸਰਕਾਰ ਕੋਲ

ਆਮਦਨ ਵਧਾਉਣ ਦੇ ਹੋਰ ਵੀ ਸਾਧਨ ਨੇ , ਪਰ ਸੂਬਾ ਸਰਕਾਰ ਉਨ੍ਹਾਂ 'ਤੇ ਧਿਆਨ ਨਹੀਂ ਦੇ ਰਹੀ । ਉਨ੍ਹਾਂ ਕਿਹਾ ਸਰਕਾਰ ਨੂੰ ਆਪਣੇ ਫੈਸਲਾ ਜਨਤਾ ਦੇ ਹਿੱਤ  ਵਿਚ ਵਾਪਿਸ ਲੈਣੇ ਚਾਹੀਦੇ ਨੇ  ।

--------------------------------------------------------------------

ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਮੰਤਰੀ ਮੰਡਲ ਵੱਲੋਂ ਮਾਲੀਆ ਵਧਾਉਣ ਦੇ ਮਕਸਦ ਨਾਲ ਕੀਤੇ ਐਲਾਨ ਤੋਂ ਬਾਅਦ, ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਏ ।  ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਨੇ ਪਰਚੂਨ ਤੇਲ ਦੀਆਂ ਕੀਮਤਾਂ ਵਧਾ ਦਿੱਤੀਆਂ ਨੇ ਅਤੇ ਘਰੇਲੂ ਖਪਤਕਾਰ, ਜਿਨ੍ਹਾਂ ਦਾ ਲੋਡ 7 ਕਿੱਲੋ ਵਾਟ ਤੱਕ ਏ , ਨੂੰ ਸਬਸਿਡੀ ਵਾਲੀ ਬਿਜਲੀ ਦੇਣ ਦੀ ਯੋਜਨਾ  ਵੀ ਵਾਪਸ ਲੈ ਲਈ ਏ । ਊਨਾ ਕਿਹਾ ਕਿ ਪੈਟਰੋਲ ਦੀ ਕੀਮਤ ਵਿੱਚ 0.61 ਪੈਸੇ ਪ੍ਰਤੀ ਲੀਟਰ ਅਤੇ ਡੀਜ਼ਲ ਦੀ ਕੀਮਤ ਵਿੱਚ 0.92 ਪੈਸੇ ਪ੍ਰਤੀ ਲੀਟਰ ਦਾ ਵਾਧਾ ਕੀਤਾ ਗਿਆ ਏ । ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧੇ ਨਾਲ ਨਾ ਸਿਰਫ਼ ਕਿਸਾਨਾਂ ਨੂੰ ਭਾਰੀ ਕੀਮਤ ਚੁਕਾਉਣੀ ਪਵੇਗੀ ਬਲਕਿ

ਮਹਿੰਗਾਈ ਵੀ ਵਧੇਗੀ। ਉਨ੍ਹਾਂ ਕਿਹਾ ਕਿ ਮਾਲੀਆ ਵਧਾਉਣ ਦੇ ਬਹਾਨੇ ਸਰਕਾਰ ਆਮ ਲੋਕਾਂ 'ਤੇ ਬੋਝ ਪਾ ਰਹੀ ਏ । ਇਸ ਤੱਥ ਦੇ ਬਾਵਜੂਦ, ਉਨ੍ਹਾਂ ਨੇ ਹੋਰ ਸਰੋਤਾ ਤੋਂ ਮਾਲੀਆ ਇਕੱਠਾ ਕਰਨ ਦਾ ਵਾਅਦਾ ਕੀਤਾ, ਜਿਸ ਵਿੱਚ ਮਾਈਨਿੰਗ ਤੋਂ 20 ਹਜ਼ਾਰ ਕਰੋੜ ਰੁਪਏ ਅਤੇ ਭ੍ਰਿਸ਼ਟਾਚਾਰ ਨੂੰ ਖ਼ਤਮ ਕਰ ਕੇ 34 ਹਜ਼ਾਰ ਕਰੋੜ ਰੁਪਏ ਸ਼ਾਮਲ ਨੇ । ਉਨ੍ਹਾਂ ਕਿਹਾ ਕਿ ਵਿੱਤੀ ਸਾਲ 2024-25 ਦੇ ਅੰਤ ਤੱਕ ਪੰਜਾਬ ਦਾ ਬਕਾਇਆ ਕਰਜ਼ਾ 3 ਲੱਖ 74 ਹਜ਼ਾਰ ਕਰੋੜ ਰੁਪਏ ਤੱਕ ਪਹੁੰਚਣ ਦਾ ਅਨੁਮਾਨ ਏ ।

--------------------------------------------------------------------------

ਓਧਰ ਕਾਂਗਰਸ ਪਾਰਟੀ ਵੱਲੋਂ ਫਤਿਹਗੜ੍ਹ ਸਾਹਿਬ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੈਟਰੋਲ, ਡੀਜ਼ਲ ਅਤੇ ਬਿਜਲੀ ਦੀਆਂ ਕੀਮਤਾਂ ਵਿਚ ਵਾਧੇ ਦੇ ਵਿਰੋਧ ਵਿਚ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕਰਦਿਆਂ ਨਾਅਰੇਬਾਜ਼ੀ ਕੀਤੀ ਗਈ । ਇਸ ਮਗਰੋਂ ਜਿਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਡਾ. ਸਿਕੰਦਰ ਸਿੰਘ ਨੇ ਵਧੀਕ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ। ਡਾ. ਸਿਕੰਦਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਕੀਤਾ ਗਿਆ ਇਹ ਇਹ ਵਾਧਾ ਪਹਿਲਾਂ ਹੀ

ਮਹਿੰਗਾਈ ਨਾਲ ਜੂਝ ਰਹੇ ਲੋਕਾਂ ਉਤੇ ਵਿੱਤੀ ਬੋਝ ਪਾਉਂਦਾ ਏ ।

---------------------------------------------------------------------

ਆਦਮਪੁਰ ਹਵਾਈ ਅੱਡੇ ਦੇ ਡਾਇਰੈਕਟਰ ਪੁਸ਼ਪੇਂਦਰਾ ਕੁਮਾਰ ਨਿਰਾਲਾ ਨੇ ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨਾਲ ਹਵਾਈ ਅੱਡੇ ਸਬੰਧੀ ਵੱਖ-ਵੱਖ ਮੁੱਦਿਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਇਨ੍ਹਾਂ ਦੇ ਹੱਲ ਦੀ ਮੰਗ ਕੀਤੀ । ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਲੋਂ ਡਾਇਰੈਕਟਰ ਵਲੋਂ ਚੁਕੇ ਗਏ ਮੁੱਦਿਆਂ ਦੇ ਨਿਪਟਾਰੇ ਲਈ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ ਗਿਆ। ਡਾ.ਅਗਰਵਾਲ ਨੇ ਮੌਜੂਦਾ ਰੂਟਾਂ ਤੋਂ ਇਲਾਵਾ, ਆਦਮਪੁਰ ਤੋਂ ਨਵੀਂ ਦਿੱਲੀ ਲਈ ਸਿੱਧੀ ਉਡਾਣ ਸ਼ੁਰੂ ਕਰਨ ਦੀ ਲੋੜ ’ਤੇ ਚਾਨਣਾ ਪਾਇਆ । ਉਨ੍ਹਾਂ ਹਵਾਈ ਅੱਡੇ ਅਥਾਰਟੀ ਨੂੰ ਸੱਦਾ ਦਿੱਤਾ ਕਿ ਇਨ੍ਹਾਂ ਹਵਾਈ ਉਡਾਣਾਂ ਨੂੰ ਸ਼ੁਰੂ ਕਰਨ ਸਬੰਧੀ ਤਜਵੀਜ਼ ਤਿਆਰ ਕੀਤੀ ਜਾਵੇ। ਉਨ੍ਹਾਂ ਜ਼ੋਰ ਦਿੱਤਾ ਕਿ ਇਸ ਨਾਲ ਮੁਸਾਫ਼ਰਾਂ ਖਾਸ ਕਰਕੇ ਖਿੱਤੇ ਦੇ ਐਨ.ਆਰ.ਆਈਜ਼ ਅਤੇ ਉਦਯੋਗਾਂ ਦੀ ਲੰਬੇ ਸਮੇਂ ਤੋਂ ਮੰਗ ਪੂਰੀ ਹੋਵੇਗੀ। ਡਿਪਟੀ ਕਮਿਸ਼ਨਰ ਨੇ ਧਿਆਨ ਦੁਆਇਆ ਕਿ ਨਵੀਂ ਦਿੱਲੀ ਦੀ ਸਿੱਧੀ ਹਵਾਈ ਉਡਾਣ ਨਾ ਹੋਣ ਕਰਕੇ ਮੁਸਾਫ਼ਰਾਂ ਨੂੰ ਅਵਾਜਾਈ ਦੇ ਹੋਰਨਾਂ ਸਾਧਨਾਂ ਦੀ ਵਰਤੋਂ ਕਰਨੀ

ਪੈਂਦੀ ਏ। ਉਨ੍ਹਾਂ ਕਿਹਾ ਕਿ ਹਵਾਈ ਅੱਡੇ ਤੋਂ ਇਹ ਰੂਟ ਸ਼ੁਰੂ ਕਰਨ ਨਾਲ, ਆਦਪੁਰ ਹਵਾਈ ਅੱਡੇ 'ਤੇ ਮੁਸਾਫ਼ਰਾਂ ਦੀ ਗਿਣਤੀ ਵੀ ਵਧੇਗੀ।

ਡਿਪਟੀ ਕਮਿਸ਼ਨਰ ਨੇ ਸਬੰਧਿਤ ਅਧਿਕਾਰੀਆਂ ਨੂੰ ਸਾਰੇ ਬਕਾਇਆ ਮਸਲਿਆਂ ਨੂੰ ਸੁਚੱਜੇ ਢੰਗ ਨਾਲ ਹੱਲ ਕਰਨ ਅਤੇ ਹੋਰਨਾਂ ਬਕਾਇਆ ਕਾਰਜ ਨੂੰ ਪੂਰਾ ਕਰਨ ਲਈ ਹਦਾਇਤਾਂ ਕੀਤੀਆਂ ।